## ਪੰਜਾਬ ਸਕੂਲ ਸਿੱਖਿਆ ਬੋਰਡ

## ਸਰਕਾਰੀ ਸਕੂਲਾਂ ਵਿੱਚ ਦਾਖਲ ਹੋਣ ਸਮੇਂ ਆਉਣ ਵਾਲੀਆਂ ਸਮੱਸਿਆਵਾਂ ਸਬੰਧੀ

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਪੰਜਾਬ ਰਾਜ ਦੇ ਸਮੂਹ ਸਕੂਲ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2020-21 ਲਈ ਜਿਹੜੇ ਵਿਦਿਆਰਥੀ ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਦੂਜੇ ਰਾਜ/ਬੋਰਡਾਂ ਤੋਂ ਅੱਠਵੀਂ, ਨੌਵੀਂ, ਦਸਵੀਂ ਅਤੇ ਗਿਆਰਵ੍ਹੀਂ ਸ਼੍ਰੇਣੀ ਪਾਸ ਕਰਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੂਲਾਂ ਵਿੱਚ ਦਾਖਲਾ ਲੈ ਚੁੱਕੇ ਹਨ, ਉਹਨਾਂ ਵਿਦਿਆਰਥੀਆਂ ਕੋਲ ਜੇਕਰ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਕੋਈ ਦਸਤਾਵੇਜ ਨਹੀ ਹੈ ਤਾਂ ਉਹਨਾਂ ਵਿਦਿਆਰਥੀਆਂ ਕੋਲੋਂ ਜਨਮ ਸਰਟੀਫਿਕੇਟ ਜਾਂ ਆਧਾਰ ਕਾਰਡ ਪ੍ਰਾਪਤ ਕਰਕੇ ਵੀ ਦਾਖਲਾ ਦਿੱਤਾ ਜਾ ਸਕਦਾ ਹੈ ਅਤੇ ਇਹਨਾਂ ਦੇ ਆਧਾਰ ਤੇ ਹੀ ਵਿਦਿਆਰਥੀਆਂ ਦੀ ਫਾਈਨਲ ਸਬਮਿਸ਼ਨ ਕਰ ਦਿੱਤੀ ਜਾਵੇ ।

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਪ੍ਰਾਈਵੇਟ ਸਕੂਲਾਂ ਵੱਲੋਂ ਜਿਹੜੇ ਵਿਦਿਆਰਥੀਆਂ ਨੂੰ ਆਪਣੇ ਪੱਧਰ ਤੇ ਆਨ-ਲਾਈਨ ਇੰਮਪੋਰਟ ਕਰ ਲਿਆ ਗਿਆ ਹੈ ਪ੍ਰੰਤੂ ਉਹ ਵਿਦਿਆਰਥੀ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈ ਚੁੱਕੇ ਹਨ ਜਾਂ ਦਾਖਲਾ ਲੈਣਾ ਚਾਹੁੰਦੇ ਹਨ, ਅਜਿਹੇ ਵਿਦਿਆਰਥੀਆਂ ਲਈ ਸਰਕਾਰੀ ਸਕੂਲਾਂ ਦੇ ਸਕੂਲ ਮੁੱਖੀ ਸਕੂਲ ਦੇ ਲੈਟਰ ਹੈੱਡ ਅਤੇ ਦਾਖਲਾ ਖਾਰਜ ਰਜਿਸਟਰ ਦੀ ਕਾਪੀ matricsecrecy.pseb@punjab.gov.in ਈ- ਮੇਲ ਰਾਹੀਂ ਭੇਜਣ ਉਪਰੰਤ ਵਿਦਿਆਰਥੀ ਦੀ ਆਨ-ਲਾਈਨ ਐਂਟਰੀ ਆਪਣੇ ਸਕੂਲ ਵਿੱਚ ਕਰਵਾ ਸਕਦੇ ਹਨ।

18/9/2020
ਸੁਪਰਡੰਟ

ਪ੍ਰੀਖਿਆ ਦਸਵੀਂ/ਗੁਪਤ ਸ਼ਾਖਾ